ਸਾਹਿਤਕ ਕਵੀ, ਕਹਾਣੀਕਾਰ,
ਲੇਖਕ ਅਤੇ
ਗੀਤ ਸੰਗੀਤ ਵਿੱਚ ਰੁਚੀ
ਰੱਖਣ ਵਾਲਿਆਂ ਲਈ
ਫੋਟੋ ਅਤੇ ਆਪਣੀ ਨਿੱਜੀ
ਰਚਨਾ ਭੇਜਣ ਲਈ
Whatsapp No
416 700 9100
vishavpunjabisanjh@gmail.com

ਰੋਜ਼ਾਨਾ

# ਵਿਸ਼ਵ ਪੰਜਾਬੀ ਸਾਂਝ

ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ



ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ

Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS

## ਪੰਜਾਬ ਦੀ ਧੀ ਨੇ ਕੈਨੇਡਾ 'ਚ ਮਾਪਿਆਂ ਦਾ ਨਾਂ ਕੀਤਾ ਰੋਸ਼ਨ ,ਕੈਨੇਡਾ ਪੁਲਿਸ 'ਚ ਬਣੀ ਡਿਪਟੀ ਜੇਲ੍ਹ ਸੁਪਰਡੈਂਟ



ਰਾਏਕੋਟ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਵੈਸੇ ਤਾਂ ਮੁੱਢ ਕਦੀਮ ਤੋਂ ਹੀ ਦੇਸ਼ ਦੁਨੀਆਂ ਵਿੱਚ ਪੰਜਾਬੀਆਂ ਨੇ ਆਪਣੇ ਕਾਬਲੀਅਤ ਦਾ ਲੋਹਾ ਮਨਵਾਇਆ ਹੈ, ਸਗੋਂ ਮੌਜੂਦਾ ਸਮੇਂ ਵਿਚ ਪੰਜਾਬੀ ਲੜਕੀਆਂ ਵੀ ਵੱਡੀਆਂ ਮੱਲ੍ਹਾਂ ਮਾਰ ਰਹੀਆਂ ਹਨ ਅਤੇ ਰਾਏਕੋਟ ਦੀ ਇੱਕ ਧੀ ਨੇ ਵੱਡਾ ਮਾਰਕਾ ਮਾਰਦਿਆਂ ਕੌਮਾਂਤਰੀ ਪੱਧਰ 'ਤੇ ਆਪਣੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ-ਸਕੇ ਸਬੰਧੀਆਂ ਅਤੇ ਰਾਏਕੋਟ ਸਮੇਤ ਪੂਰੇ ਪੰਜਾਬੀਆਂ ਦਾ ਸਿਰ ਫਖਰ ਨਾਲ ਉੱਚਾ ਚੁੱਕਿਆ ਹੈ। ਉੱਥੇ ਹੀ ਉਹ ਅਜੋਕੀ ਨੌਜਵਾਨ ਪੀੜ੍ਹੀ ਲਈ ਇੱਕ ਪ੍ਰੇਰਨਾ ਦਾ ਸਰੋਤ ਬਣੀ ਹੈ। ਰਾਏਕੋਟ ਦੇ ਕੁਲਦੀਪ ਸਿੰਘ ਉਰਫ ਬਿੱਲੂ ਗ੍ਰੇਵਾਲ ਦੀ ਪੁੱਤਰੀ ਗੁਰਮਨਜੀਤ ਕੌਰ ਐਮਐਸਸੀ ਅਤੇ ਐਮਬੀਏ ਪੜ੍ਹਾਈ ਕਰਨ ਉਪਰੰਤ ਉਚੇਰੀ ਸਿੱਖਿਆ ਪ੍ਰਾਪਤ ਕਰਨ 2021 ਸਟੱਡੀ ਵੀਜੇ 'ਤੇ ਬਰੈਂਪਟਨ ਕੈਨੇਡਾ ਵਿਖੇ ਗਈ ਸੀ। ਉਸ ਨੇ ਕੈਨੇਡਾ ਵਿਖੇ ਤਿੰਨ ਸਾਲਾਂ ਵਿਚ ਆਪਣੀ ਸਟੱਡੀ ਪੂਰੀ ਕਰਨ ਤੋਂ ਬਾਅਦ ਕੈਨੇਡਾ ਪੁਲਿਸ ਵਿੱਚ ਡਿਪਟੀ ਜੇਲ੍ਹ ਸੁਪਰਡੈਂਟ ਦੀ ਨੌਕਰੀ ਹਾਸਲ ਕੀਤੀ

ਇਸ ਮੌਕੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਣਹਾਰ ਪੁੱਤਰੀ ਗੁਰਮਨਜੀਤ ਕੌਰ ਦੇ ਪਿਤਾ ਕੁਲਦੀਪ ਸਿੰਘ ਬਿੱਲੂ ਗਰੇਵਾਲ, ਭੈਣ ਅਮਨਦੀਪ ਕੌਰ, ਭਾਬੀ ਕੁਲਦੀਪ ਕੌਰ ਰਾਣੀ ਅਤੇ ਰਿਸ਼ਤੇਦਾਰ ਪਿ ?ਰਤਪਾਲ ਸਿੰਘ ਆਦਿ ਨੇ ਦੱਸਿਆ ਕਿ ਗੁਰਮਨਜੀਤ ਕੌਰ ਬਚਪਨ ਤੋਂ ਹੀ ਪੜ੍ਹਾਈ ਵਿਚ ਕਾਫੀ ਹੁਸ਼ਿਆਰ ਅਤੇ ਮਿਹਨਤੀ ਸੀ ਅਤੇ ਉਸ ਮਨ ਵਿਚ ਕੁੱਝ ਨਾ ਕੁੱਝ ਬਣਨ ਦੀ ਤਮੰਨਾ ਕੁੱਟ-ਕੁੱਟ ਕੇ ਭਰੀ ਹੋਈ ਸੀ।

ਜਿਸ ਦੇ ਚਲਦੇ ਉਸ ਨੇ ਇੰਡੀਆ ਵਿਚ ਐਮਐਸਸੀ ਅਤੇ ਐਮਬੀਏ ਦੀ ਪੜ੍ਹਾਈ ਕਰਨ ਤੋਂ ਬਾਅਦ ਪੀਸੀਐਸ ਦੀ ਤਿਆਰੀ ਕਰ ਰਹੀ ਸੀ ਪਰ ਕਰੋਨਾ ਮਹਾਂਮਾਰੀ ਦੇ ਚਲਦੇ ਉਹ ਇਹ ਪੇਪਰ ਨਹੀਂ ਦੇ ਸਕੀ ਅਤੇ 2021 ਵਿਚ ਬਰੈਂਪਟਨ ਕੈਨੇਡਾ ਵਿਖੇ ਚਲੀ ਗਈ, ਜਿੱਥੇ ਉਸ ਨੇ ਕੈਨੇਡਾ ਪੁਲਿਸ ਵਿੱਚ ਡਿਪਟੀ ਜੇਲ੍ਹ ਸੁਪਰਡੈਂਟ ਦੀ ਨੌਕਰੀ ਹਾਸਿਲ ਕੀਤੀ।

**ਇੱਥੇ ਦੱਸਣਯੋਗ ਹੈ ਕਿ ਗੁਰਮਨਜੀਤ ਕੌਰ ਨੇ ਇਸ ਨੌਕਰੀ ਦੀ ਤਿਆਰੀ ਦੌਰਾਨ ਆਪਣੇ ਦੋ ਨੌਜਵਾਨ ਭਰਾਵਾਂ ਦੀ ਮੌਤ ਦਾ ਅਸਹਿ ਸਦਮਾ ਵੀ ਝੱਲਿਆ, ਪਰ ਉਸ ਨੇ ਦਿਲ 'ਤੇ ਪੱਥਰ ਰੱਖ ਕੇ ਆਪਣੇ ਉਨ੍ਹਾਂ ਮਹਿਰੂਮ ਭਰਾਵਾਂ ਦੇ ਸੁਪਨੇ ਨੂੰ ਪੂਰਾ ਕਰ ਦਿਖਾਇਆ ਹੈ। ਅੱਜ ਦੇਸ਼ ਦੁਨੀਆਂ ਵਿਚ ਆਪਣੇ ਪਰਿਵਾਰ, ਸਕੇ-ਸਬੰਧੀਆਂ ਅਤੇ ਰਾਏਕੋਟ ਸਮੇਤ ਸਮੂਹ ਪੰਜਾਬੀਆਂ ਦਾ ਸਿਰ ਫਖਰ ਨਾਲ ਉੱਚਾ ਚੁੱਕਿਆ। ਉਸ ਦੇ ਜਜ਼ਬੇ ਅਤੇ ਦ੍ਰਿੜਤਾ ਨੇ ਸਪੱਸ਼ਟ ਕੀਤਾ ਕਿ ਸਹੀ ਸਿਧਾਂਤਾਂ 'ਤੇ ਖੜ੍ਹੇ ਰਹਿਣ ਨਾਲ ਕੋਈ ਵੀ ਸਫਲਤਾ ਹਾਸਲ ਕਰ ਸਕਦਾ ਹੈ।**

## ਸਾਹਿਤ ਸੁਰ ਸੰਗਮ ਸਭਾ ਇਟਲੀ ਵੱਲੋਂ ਉਲੀਕੇ ਸਮਾਗਮ ਵਿਚ ਹੋਇਆ ਕਹਾਣੀ ਅਤੇ ਕਵਿਤਾ ਪਾਠ



ਇਟਲੀ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪਿਛਲੇ ਦਿਨੀਂ ਸਾਹਿਤ ਸੁਰ ਸੰਗਮ ਸਭਾ ਇਟਲੀ ਵੱਲੋਂ ਇਟਲੀ 'ਚ ਵੱਸਦੇ ਪੰਜਾਬੀ ਲੇਖਕਾਂ ਨੂੰ ਜ਼ੂਮ ਦੇ ਮੰਚ ਤੇ ਇਕੱਤਰ ਕਰਕੇ ਕਹਾਣੀ ਅਤੇ ਕਵਿਤਾ ਪਾਠ ਕਰਨ ਦਾ ਸਾਂਝਾ ਸੱਦਾ ਦਿੱਤਾ ਗਿਆ ਜੋਕਿ ਬਹੁਤ ਸਫਲ ਰਿਹਾ। ਸਭਾ ਦੇ ਪ੍ਰਧਾਨ ਬਿੰਦਰ ਕੋਲੀਆਂਵਾਲ ਦੀ ਪ੍ਰਧਾਨਗੀ ਵਿੱਚ ਹੋਈ ਇਸ ਸਾਹਿਤਿਕ ਇੱਕਤਰਤਾ ਦਾ ਸੰਚਾਲਨ ਮੁੱਖ ਸਲਾਹਕਾਰ ਦਲਜਿੰਦਰ ਰਹਿਲ ਵਲੋਂ ਕੀਤਾ ਗਿਆ । ਸਮਾਗਮ ਦੀ ਸ਼ੁਰੂਆਤ ਬਿੰਦਰ ਕੋਲਿਆਂਵਾਲੀ ਵਲੋਂ ਸਭ ਨੂੰ ਜੀ ਆਇਆਂ ਆਖਦਿਆਂ ਸਭਾ ਦੇ ਮਨੋਰਥ ਅਤੇ ਇਸ ਇਕੱਤਰਤਾ ਦੇ ਉਦੇਸ਼ ਨਾਲ ਸ਼ੁਰੂ ਹੋਈ। ਦੋ ਪੜਾਵਾਂ ਵਿੱਚ ਚੱਲੇ ਇਸ ਸਾਹਿਤਿਕ ਸਮਾਗਮ ਦੇ ਪਹਿਲੇ ਦੌਰ ਵਿੱਚ ਲੱਗਭਗ ਸਾਰੇ ਲੇਖਕਾਂ ਵਲੋਂ ਸੰਖੇਪ ਵਿੱਚ ਕਹਾਣੀ ਤੇ ਦੂਸਰੇ ਦੌਰ ਵਿੱਚ ਕਵਿਤਾ ਪਾਠ ਕੀਤਾ ਗਿਆ। ਇਸ ਇਕੱਤਰਤਾ ਵਿੱਚ ਯੂ ਕੇ ਤੋਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਸਭਾ ਦੇ ਸਰਪ੍ਰਸਤ ਬਲਵਿੰਦਰ ਸਿੰਘ ਚਾਹਲ ਨੇ ਸਭਾ ਨੂੰ ਇਸ ਉਪਰਾਲੇ ਲਈ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਕਵਿਤਾ ਅਤੇ ਕਹਾਣੀ ਦੇ ਨਾਲ ਸਾਹਿਤ ਦੀਆਂ ਹੋਰ ਵਿਧਾਵਾਂ ਤੇ ਕਾਰਜਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ। ਇਸ ਇਕੱਤਰਤਾ ਵਿੱਚ ਪ੍ਰਧਾਨ ਬਿੰਦਰ ਕੋਲੀਆਂਵਾਲ , ਜਰਨਲ ਸਕੱਤਰ ਪ੍ਰੋ ਜਸਪਾਲ ਸਿੰਘ, ਮੀਤ ਪ੍ਰਧਾਨ ਗੁਰਮੀਤ ਸਿੰਘ ਮੱਲ੍ਹੀ, ਦਲਜਿੰਦਰ ਰਹਿਲ, ਰਾਣਾ ਅਠੌਲਾ, ਗ਼ਜ਼ਲਗੋ ਪ੍ਰੇਮਪਾਲ ਸਿੰਘ , ਜਸਵਿੰਦਰ ਕੌਰ ਮਿੰਟੂ, ਕਰਮਜੀਤ ਕੌਰ ਰਾਣਾ ਨੇ ਵਿਸ਼ੇਸ਼ ਤੌਰ ਤੇ ਭਾਗ ਲਿਆ। ਸਮਾਗਮ ਦੇ ਅਖੀਰ ਵਿੱਚ ਸਭਾ ਵਲੋਂ ਸਭ ਦਾ ਧੰਨਵਾਦ ਕਰਦਿਆਂ ਪੰਜਾਬ ਕਲਾ ਪ੍ਰੀਸ਼ਦ ਦੇ ਪੁਨਰਗਠਨ ਲਈ ਚੁਣੀ ਗਈ ਨਵੀਂ ਟੀਮ ਨੂੰ ਵਧਾਈ ਦਿੱਤੀ ਗਈ।

ਵਿਸ਼ਵ ਪੰਜਾਬੀ ਸਭਾ ਕੈਨੇਡਾ
ਅਤੇ
ਕਨੇਡੀਅਨ ਪੰਜਾਬੀ ਸਾਹਿਤ ਸਭਾ ਟੋਰਾਂਟੋ ਵੱਲੋਂ
ਇੱਕ ਸੁਰਮਈ ਸ਼ਾਮ
ਕਿਤਾਬ ਲੋਕ ਅਰਪਣ
ਮੀਡੀਆ ਅਲੋਚਕ ਦੀ ਆਤਮ ਕਥਾ
ਪ੍ਰੋ. ਕੁਲਬੀਰ ਸਿੰਘ
ਹੁਸਨੈਨ ਅਕਬਰ (ਬਾਬਾ ਗਰੁੱਪ ਪਾਕਿਸਤਾਨ)
ਪ੍ਰੋ. ਕੁਲਬੀਰ ਸਿੰਘ (ਚੇਅਰਮੈਨ ਵਿਸ਼ਵ ਪੰਜਾਬੀ ਮੀਡੀਆ ਕਾਨਫਰੰਸ)
ਡਾ. ਦਲਬੀਰ ਸਿੰਘ ਕਥੂਰੀਆ (ਚੇਅਰਮੈਨ)
ਮੰਚ ਸੰਚਾਲਕ ਪ੍ਰੋ. ਜੰਗੀਰ ਸਿੰਘ ਕਾਹਲੋਂ
12 ਅਕਤੂਬਰ 2024 ਦਿਨ ਸ਼ਨੀਵਾਰ ਸਮਾਂ 5 ਤੋਂ 8 ਵਜੇ ਸ਼ਾਮ
ਸਥਾਨ:–
ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ, ਬਰੈਂਪਟਨ
https://vishavpunjabisabha.in/ E-mail:vishvapunjabisabha2023@gmail.com
ਸੰਪਰਕ ਨੰ. +1 (416) 700-9100, (905) 531-8901, (416) 500-9131, (416) 666-1919
(437) 848-2526, (365) 778-2036

BRAMPTON CASH & CARRY
Grand OPENING
YOU ARE INVITED !
18,19,20
OCTOBER, 2024
OPEN EVERYDAY FROM
9:00 AM TO 9:00 PM
Celebrate our grand opening with us and enjoy exclusive perks and prizes only available on opening day!
1315 INKSTER BLVD, WINNIPEG MB

AMYRA ACADEMY
Hair & Esthetics
Our Courses
1 HAIR STYLING DIPLOMA
2 MEDICAL ESTHETICS DIPLOMA
905-399-6110 , 647-713-3133
amyraacademy@outlook.com
www.amyraacademy.com
114 Kennedy Road Unit 2 Brampton Ontario, L6W 3E7
amyraacademy
amyraacademy

AXLE Car Rental
Enjoy The Ride!
905.917.0818
We Provide:
• Insurance Replacement Rental
• We Deal With All Insurance Companies
• All New Models of Cars, Suv's & Mini Vans
• Free Local Shuttle Service
axlecarrental@gmail.com
www.AxleCarRental.com
1365 Mid-Way Blvd. Unit 10, Mississauga, ON L5T 2J5

HOMELIFE HIGHER STANDARDS
Homelife Silvercity Realty Inc., Brokerage
KANWAR BRAR
Broker
Direct: 416-737-4971
Office: 905.913.8500
Email: kanwarjitbrar@hotmail.com
11775 Bramalea Rd # 201, Brampton, Ontario L6R 3Z4
"Success Is Never Final"

TEAM GET SOLD
INDER ARORA (BROKER) (416) 525.7400
RAMAN KATHURIA (BROKER) (416) 709.6100

# ਬਹੁ-ਸੱਭਿਆਚਾਰਕ ਦੇਸ਼ ਕੈਨੇਡਾ 'ਚ ਨਫ਼ਰਤ ਦੀ ਕੋਈ ਥਾਂ ਨਹੀਂ ਹੈ, ਆਓ ਸਾਰੇ ਮਿਲ ਕੇ ਇਸ ਨੂੰ ਦੂਰ ਕਰੀਏ : ਸੋਨੀਆ ਸਿੱਧੂ

ਬਰੈਂਪਟਨ-(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- : ਅਨੇਕਤਾ ਵਿਚ ਏਕਤਾ ਕੈਨੇਡਾ ਦੀ ਸਭ ਤੋਂ ਵੱਡੀ ਤਾਕਤ ਹੈ। ਇੱਥੇ ਹਰ ਤੀਸਰਾ ਵਿਅਕਤੀ ਧਰਮ, ਨਸਲ ਤੇ ਜ਼ਾਤ ਪੱਖੋਂ ਘੱਟ-ਗਿਣਤੀ ਕਮਿਊਨਿਟੀ ਵਿਚ ਸ਼ਾਮਲ ਹੈ। ਇਸ ਨਾਲ ਕੈਨੇਡਾ ਬਹੁ-ਸੱਭਿਆਚਾਰ ਤੇ ਵੱਖੋ-ਵੱਖਰੇ ਰੀਤੀ-ਰਿਵਾਜਾਂ ਵਾਲਾ ਰਵਾਇਤੀ ਦੇਸ਼ ਬਣ ਗਿਆ ਹੈ ਜੋ ਕਿ ਇਸ ਦੇਸ਼ ਦੀ ਵਿਲੱਖਣਤਾ ਹੈ।


ਪਿਛਲੇ ਕੁਝ ਸਾਲਾਂ ਦੌਰਾਨ ਵਾਪਰੀਆਂ ਨਫ਼ਰਤੀ ਘਟਨਾਵਾਂ ਨੇ ਇੱਥੇ ਇੰਡੀਜੀਨੀਅਸ ਲੋਕਾਂ, ਕਾਲ਼ਿਆਂ, ਔਰਤਾਂ, ਅਪੰਗਾਂ ਅਤੇ ਧਾਰਮਿਕ ਘੱਟ-ਗਿਣਤੀਆਂ ਲਈ ਚਿੰਤਾ ਦਾ ਮਾਹੌਲ ਬਣਾ ਦਿੱਤਾ ਹੈ। ਨਫ਼ਰਤ ਇਨ੍ਹਾਂ ਲੋਕਾਂ ਨੂੰ ਨਾ ਕੇਵਲ ਸਿੱਧੇ ਤੌਰ 'ਤੇ ਅਸਰ-ਅੰਦਾਜ਼ ਹੁੰਦੀ ਹੈ, ਸਗੋਂ ਇਹ ਕੈਨੇਡਾ ਦੇ ਸਮੁੱਚੇ ਤਾਣੇ-ਬਾਣੇ ਨੂੰ ਕਮਜ਼ੋਰ ਕਰਦੀ ਹੈ ਅਤੇ ਕੌਮੀ ਸੁਰੱਖਿਆ ਲਈ ਖ਼ਤਰੇ ਦਾ ਸੂਚਕ ਬਣਦੀ ਹੈ। ਕੈਨੇਡਾ ਵਰਗੇ ਬਹੁ-ਨਸਲੀ, ਬਹੁ-ਧਾਰਮਿਕ ਤੇ ਬਹੁ-ਸੱਭਿਆਚਾਰਕ ਦੇਸ਼ ਵਿਚ ਨਫ਼ਰਤ ਲਈ ਕੋਈ ਜਗਹਾ ਨਹੀਂ ਹੈ।

ਕੈਨੇਡਾ ਵਿਚ ਨਫ਼ਰਤ ਨੂੰ ਨੱਥ ਪਾਉਣ ਲਈ ਬਰੈਂਪਟਨ ਸਾਊਥ ਦੀ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਨੇ ਲੰਘੇ ਸੋਮਵਾਰ ਕੈਨੇਡਾ'ਜ਼ ਐਕਸ਼ਨ ਪਲੈਨ ਆਨ ਕੰਬੈਟਿੰਗ ਹੇਟਰਡ"ਬਾਰੇ ਗੱਲ



ਕਰਦਿਆਂ ਘਰਾਂ, ਗਲ਼ੀਆਂ-ਬਾਜ਼ਾਰਾਂ, ਧਾਰਮਿਕ ਥਾਵਾਂ ਅਤੇ ਸਥਾਨਿਕ ਕਮਿਊਨਿਟੀਆਂ ਵਿਚ ਚੱਲ ਰਹੀ ਨਫ਼ਰਤ ਦਾ ਜ਼ਿਕਰ ਵਿਸਥਾਰ ਵਿਚ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਨਫ਼ਰਤ ਨੂੰ ਰੋਕਣ ਲਈ ਇਸ ਐਕਸ਼ਨ ਪਲੈਨ ਦੇ ਸਰਕਾਰ ਨੇ ਹੇਠ ਲਿਖੇ ਤਿੰਨ ਥੰਮ ਤਿਆਰ ਕੀਤੇ ਹਨ : 1. ਨਫ਼ਰਤ ਦੀ ਨਿਸ਼ਾਨਦੇਹੀ ਕਰਨ ਅਤੇ ਇਸ ਨੂੰ ਰੋਕਣ ਲਈ ਕਮਿਊਨਿਟੀਆਂ ਨੂੰ ਮਜ਼ਬੂਤ ਕਰਨਾ। 2.ਕਮਿਊਨਿਟੀਆਂ ਨੂੰ ਬਚਾਉਂਦਿਆਂ ਹੋਇਆਂ ਨਫ਼ਰਤ ਦਾ ਸ਼ਿਕਾਰ ਹੋਏ ਲੋਕਾਂ ਦੀ ਸਹਾਇਤਾ ਕਰਨੀ। 3. ਨਫ਼ਰਤ ਦਾ ਮੁਕਾਬਲਾ ਕਰਨ ਲਈ ਆਪਸੀ ਵਿਸ਼ਵਾਸ, ਭਾਗੀਦਾਰੀ ਅਤੇ ਸੰਸਥਾਪਿਕ ਤਿਆਰੀ। ਇਸ ਮੰਤਵ ਲਈ ਬਜਟ 2024 ਵਿਚ ਆਉਂਦੇ ਛੇ ਸਾਲਾਂ ਲਈ 273.6 ਮਿਲੀਅਨ ਰਾਸ਼ੀ ਰੱਖੀ ਗਈ ਹੈ ਅਤੇ ਇਹ ਵੱਖ-ਵੱਖ ਤਰੀਕਿਆਂ ਨਾਲ ਨਫ਼ਰਤ ਨੂੰ ਰੋਕਣ ਲਈ ਚੱਲ ਰਹੀ ਅਜੋਕੀ ਰਾਸ਼ੀ 29.3 ਮਿਲੀਅਨ ਡਾਲਰ ਤੋਂ ਵੱਖਰੀ ਹੈ। ਇਸ ਦੇ ਨਾਲ ਹੀ ਕੈਨੇਡਾ ਵਿਚ ਇਸਲਾਮ ਧਰਮ ਦੇ ਵਿਰੁੱਧ ਨਫ਼ਰਤ ਦੀ ਭਾਵਨਾ ਵੀ ਵੇਖਣ ਵਿਚ ਆ ਰਹੀ ਹੈ ਜੋ ਬਹੁਤ ਹੀ ਮੰਦਭਾਗੀ ਹੈ। ਕੈਨੇਡਾ ਸਰਕਾਰ ਇਸ ਨੂੰ ਰੋਕਣ ਲਈ ਵਚਨਬੱਧ ਹੈ ਅਤੇ ਉਹ ਇਸ ਦੇ ਲਈ ਪੂਰੀ ਕੋਸ਼ਿਸ਼ ਕਰ ਰਹੀ ਹੈ।

# ਕੈਨੇਡਾ: ਇੰਡੋ ਕੈਨੇਡੀਅਨ ਸੀਨੀਅਰਜ਼ ਸੈਂਟਰ ਸਰੀ-ਡੈਲਟਾ ਵੱਲੋਂ ਮਹੀਨਾਵਾਰ ਕਵੀ ਦਰਬਾਰ



ਸਰੀ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਡੇਵ ਐਸ. ਹੇਅਰ ਅਤੇ ਇਜ਼ਾਬੇਲ ਮਾਰਟੀਨੇਜ਼ ਹੇਅਰ ਨੇ ਰੋਟਰੀ ਇੰਟਰਨੈਸ਼ਨਲ ਦੀ ਰੋਟਰੀ ਫਾਉਂਡੇਸ਼ਨ ਨਾਲ ਭਾਈਚਾਰੇ ਦੀ ਮਦਦ ਕਰਨ ਲਈ ਨੇਮਡ ਐਂਡੋਇਡ ਫੰਡ ਦੀ ਸ਼ੁਰੂਆਤ ਕੀਤੀ ਹੈ। ਇਹ ਵਿਸ਼ਵ ਫੰਡ ਰੋਟਰੀ ਪੀਸ ਕੇਂਦਰਾਂ ਨੂੰ ਆਮ ਸਹਾਇਤਾ ਪ੍ਰਦਾਨ ਕਰਦਾ ਹੈ ਜਾਂ ਰੋਟਰੀ ਇੰਟਰਨੈਸ਼ਨਲ ਦੇ ਫੋਕਸ ਦੇ 7 ਖੇਤਰਾਂ ਵਿੱਚੋਂ ਇੱਕ ਵਿੱਚ ਵਿਸ਼ਵ ਭਰ ਵਿੱਚ ਵਿਕਸਤ ਇੱਕ ਗਲੋਬਲ ਗ੍ਰਾਂਟ ਲਈ ਆਮ ਸਹਾਇਤਾ ਪ੍ਰਦਾਨ ਕਰਦਾ ਹੈ। ਇਹਨਾਂ ਖੇਤਰਾਂ ਵਿਚ ਸ਼ਾਂਤੀ ਨਿਰਮਾਣ ਅਤੇ ਸੰਘਰਸ਼ ਦੀ ਰੋਕਥਾਮ / ਹੱਲ, ਬਿਮਾਰੀ ਦੀ ਰੋਕਥਾਮ ਅਤੇ ਇਲਾਜ, ਪਾਣੀ ਦੀ ਸਫਾਈ, ਮਾਵਾਂ ਅਤੇ ਬਾਲ ਸਿਹਤ, ਬੁਨਿਆਦੀ ਸਿੱਖਿਆ ਅਤੇ ਸਾਖਰਤਾ, ਸਹਾਇਕ ਵਾਤਾਵਰਣ ਅਤੇ ਭਾਈਚਾਰਕ ਆਰਥਿਕ ਵਿਕਾਸ ਸ਼ਾਮਲ ਹਨ। ਕਮਾਈ ਦਾ ਸਿਰਫ਼ ਇੱਕ ਹਿੱਸਾ ਪ੍ਰੋਗਰਾਮ ਖਰਚ ਲਈ ਸਾਲਾਨਾ ਵਰਤਿਆ ਜਾਂਦਾ ਹੈ। ਰੋਟਰੀ ਇੰਟਰਨੈਸ਼ਨਲ ਦੇ ਪ੍ਰਧਾਨ ਮਾਰੀਓ ਸੀਜ਼ਰ ਮਾਰਟਿਨਸ ਡੀ ਕੈਮਾਰਗੋ (2025-2026) ਅਤੇ ਪ੍ਰਧਾਨ ਹੋਲਗਰ ਨੈਕ (2020-2021) ਅਤੇ ਰੋਟਰੀ ਫਾਉਂਡੇਸ਼ਨ ਦੇ ਐਂਡੋਮੈਂਟ ਮੇਜਰ ਗਿਫਟਸ ਐਡਵਾਈਜ਼ਰ ਕੈਰੋਲ ਟਿਚਲਮੈਨ ਦੁਆਰਾ 21 ਸਤੰਬਰ, 2024 ਨੂੰ ਵਿਖੇ ਰੋਟਰੀ ਇੰਟਰਨੈਸ਼ਨਲ ਐਕਸ਼ਨ ਜ਼ੋਨ 28 ਅਤੇ 32 ਕਾਨਫਰੰਸ ਵਿਚ ਡੇਵ ਐਸ ਹੇਅਰ ਨੂੰ ਵਿਸ਼ੇਸ਼ ਐਂਡੋਮੈਂਟ ਪਿੰਨ ਭੇਟ ਕੀਤੇ ਗਏ।













# ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਤੇ ਅਧਿਕਾਰੀਆਂ ਵੱਲੋਂ ਹੋਟਲ ਮਾਲਕਾਂ ਨਾਲ ਇਕੱਤਰਤਾ

ਅੰਮ੍ਰਿਤਸਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ 19 ਅਕਤੂਬਰ ਨੂੰ ਮਨਾਏ ਜਾ ਰਹੇ ਪ੍ਰਕਾਸ਼ ਪੁਰਬ ਮੌਕੇ ਸੰਗਤ ਦੀ ਰਿਹਾਇਸ਼ ਦੇ ਪ੍ਰਬੰਧਾਂ ਨੂੰ ਲੈ ਕੇ ਸ੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਅਤੇ ਸ੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਅੰਮ੍ਰਿਤਸਰ ਸਥਿਤ ਹੋਟਲ ਮਾਲਕਾਂ ਨਾਲ ਇਕੱਤਰਤਾ ਕੀਤੀ, ਜਿਸ ਦੌਰਾਨ ਹੋਟਲ ਮਾਲਕਾਂ ਨੇ ਵਿਸ਼ਵਾਸ ਦਿਵਾਇਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਦੇ ਰਹਿਣ ਲਈ ਵੱਧ ਤੋਂ ਵੱਧ ਕਮਰੇ ਸ਼ ?ਰੋਮਣੀ ਕਮੇਟੀ ਨੂੰ ਮਹੱਈਆ ਕਰਵਾਏ ਜਾਣਗੇ।

ਸ੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਇਕੱਤਰਤਾ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਹਰ ਸਾਲ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਡੀ ਗਿਣਤੀ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੁੰਦੀਆਂ ਹਨ, ਜਿਨ੍ਹਾਂ ਦੇ ਰਹਿਣ ਲਈ ਹੋਟਲ ਮਾਲਕਾਂ ਵੱਲੋਂ ਦਿੱਤਾ ਜਾਂਦਾ ਸਹਿਯੋਗ ਸ਼ਲਾਘਾਯੋਗ ਹੈ। ਉਨ੍ਹਾਂ ਹੋਟਲ ਮਾਲਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਇਕ ਚੰਗਾ ਉੱਦਮ ਹੈ ਅਤੇ ਆਸ ਕਰਦੇ ਹਾਂ ਕਿ ਇਸ ਦੀ ਨਿਰੰਤਰਤਾ ਬਣੀ ਰਹੇਗੀ। ਭਾਈ ਮਹਿਤਾ ਨੇ ਹੋਟਲਾਂ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਸਬੰਧੀ 18 ਅਕਤੂਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਅਤੇ ਹੋ ਰਹੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਦੇ



ਨਾਲ-ਨਾਲ ਨਗਰ ਕੀਰਤਨ ਦੇ ਰਸਤੇ ਵਿਚ ਸਵਾਗਤ ਲਈ ਵੀ ਅਪੀਲ ਕੀਤੀ। ਇਕੱਤਰਤਾ ਦੌਰਾਨ ਸ਼ ?ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਵੀ ਹੋਟਲ ਮਾਲਕਾਂ ਵੱਲੋਂ ਦਿੱਤੇ ਜਾਂਦੇ ਸਹਿਯੋਗ ਲਈ ਧੰਨਵਾਦ ਕੀਤਾ।

ਇਸ ਮੌਕੇ ਅੰਮ੍ਰਿਤਸਰ ਹੋਟਲ ਅਤੇ ਗੈਸਟ ਹਾਊਸ ਐਸੋਸੀਏਸ਼ਨ ਦੇ ਚੇਅਰਮੈਨ ਸ. ਹਰਿੰਦਰ ਸਿੰਘ ਤੇ ਪ੍ਰਧਾਨ ਸ. ਸੁਰਿੰਦਰ ਸਿੰਘ ਨੇ ਹੋਟਲ ਮਾਲਕਾਂ ਵੱਲੋਂ ਵਿਸ਼ਵਾਸ ਦਿਵਾਇਆ ਕਿ ਹੋਟਲਾਂ ਵਿਚ ਸੰਗਤਾਂ ਲਈ ਸ਼ ?ਰੋਮਣੀ ਕਮੇਟੀ ਨੂੰ ਦਿੱਤੇ ਜਾਣ ਵਾਲੇ ਮੁਫ਼ਤ ਕਮਰਿਆਂ ਤੋਂ ਇਲਾਵਾ ਅਸੀਂ ਸੰਗਤਾਂ ਦੀ ਸਹੂਲਤ ਲਈ ਹਰ ਤਰ੍ਹਾਂ ਵਚਨਬਧ ਹਾਂ ਅਤੇ ਰਹਾਂਗੇ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਗੁਰਪ੍ਰੀਤ ਸਿੰਘ ਤੋਂ ਇਲਾਵਾ ਇਕੱਤਰਤਾ 'ਚ ਪੁੱਜੇ ਹੋਟਲਾਂ ਮਾਲਕਾਂ ਵਿਚ ਸ. ਸੁਪਿੰਦਰ ਸਿੰਘ, ਸ. ਹਰਿੰਦਰ ਸਿੰਘ, ਸ. ਸੁਖਵਿੰਦਰ ਸਿੰਘ ਲਾਡੀ, ਸ. ਕੇਐਸ ਖੁਰਾਣਾ, ਸ. ਕੰਵਲਜੀਤ ਸਿੰਘ, ਸ. ਗੁਰਪ੍ਰੀਤ ਸਿੰਘ ਸਭਰਵਾਲ, ਸ. ਸੁਖਦੇਵ ਸਿੰਘ ਸਾਹਨੀ, ਸ. ਜਤਿੰਦਰਪਾਲ ਸਿੰਘ, ਸ. ਸਰਜੋਤ ਸਿੰਘ ਸਾਹਨੀ, ਸ. ਬੀਰਇੰਦਰ ਸਿੰਘ, ਸ. ਸੁਰਿੰਦਰ ਸਿੰਘ, ਸ੍ਰੀ ਜਤਿਨ ਸੇਠ, ਸ. ਭੁਪਿੰਦਰਪਾਲ ਸਿੰਘ, ਸ. ਜਗਜੀਤ ਸਿੰਘ ਖਾਲਸਾ, ਸ੍ਰੀ ਰਾਜੀਵ ਗੁਪਤਾ, ਸ. ਹਰਦੀਪ ਸਿੰਘ, ਸ. ਰਣਜੀਤ ਸਿੰਘ ਸਚਦੇਵਾ ਸਮੇਤ ਵੱਖ-ਵੱਖ ਹੋਟਲਾਂ ਦੇ ਨੁਮਾਇੰਦੇ ਸ਼ਾਮਲ ਸਨ।

# ਰਾਜ ਸਭਾ ਮੈਂਬਰ ਸਾਹਨੀ ਨੇ ਆਈ.ਟੀ.ਆਈ. ਨੂੰ ਅਪਗ੍ਰੇਡ ਕਰਨ ਲਈ 10 ਕਰੋੜ ਰੁਪਏ ਦਿੱਤੇ



ਚੰਡੀਗੜ੍ਹ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਸੂਬੇ ਦੀਆਂ ਪੰਜ ਉਦਯੋਗਿਕ ਸਿਖਲਾਈਸਿਸਥਾਵਾਂ (ਆਈ.ਟੀ.ਆਈ.) ਨੂੰ ਮੁੜ ਸੁਰਜੀਤ ਕੀਤਾ ਜਾਵੇਗਾ। ਪਦਮ ਸ੍ਰੀ ਵਿਕਰਮਜੀਤ ਸਿੰਘ ਸਾਹਨੀ ਰਾਜ ਸਭਾ ਮੈਂਬਰ ਵਿਦਿਆਰਥੀਆਂ ਦਾ ਨਾਂਅ ਉੱਚਾ ਚੁੱਕਣ ਲਈ 10 ਕਰੋੜ ਰੁਪਏ ਦਾ ਯੋਗਦਾਨ ਦੇਣਗੇ, ਇਸ ਦੇ ਲਈ ਅੱਜ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਹਾਜ਼ਰੀ ਵਿੱਚ ਰਾਜ ਸਰਕਾਰ ਦੇ ਤਕਨੀਕੀ ਸਿੱਖਿਆ ਵਿਭਾਗ ਅਤੇ ਡਾ: ਸਾਹਨੀ ਦਰਮਿਆਨ ਇੱਕ ਸਮਝੌਤਾ ਸਹੀਬੰਦ ਕੀਤਾ ਗਿਆ। ਸਾਰੀਆਂ ਆਈ ਟੀ ਆਈ ਲੁਧਿਆਣਾ ਨੂੰ 2 ਕਰੋੜ ਰੁਪਏ, ਆਈ ਟੀ ਆਈ 4 ਪਟਿਆਲਾ ਨੂੰ 3 ਕਰੋੜ ਰੁਪਏ, ਆਈ ਟੀ ਆਈ ਹਾਮੀਂ ਮੁਹਾਲੀ ਨੂੰ 1.5 ਕਰੋੜ ਰੁਪਏ, ਆਈਟੀਆਈ 11 ਸੁਨਾਮ ਨੂੰ 1.66 ਕਰੋੜ ਰੁਪਏ ਅਤੇ ਟਰੇਨ ਦੀ ਆਈਟੀਆਈ ਲਾਲੜੂ ਨੂੰ 2 ਕਰੋੜ ਰੁਪਏ ਦਿੱਤੇ ਜਾਣਗੇ। ਅਪਗ੍ਰੇਡੇਸ਼ਨ ਵਿੱਚ ਆਧੁਨਿਕ ਮਸ਼ੀਨਰੀ ਦੀ ਸਥਾਪਨਾ ਸ਼ਾਮਲ ਹੈ ਜਿਵੇਂ ਕਿ ਸੀ ਐਨ ਸੀ ਟਰਨ ਟਰਨਰ, ਰੋਬੋਟਿਕ ਵੈਲਡਰ, ਯੂਡੀ ਪ੍ਰਿੰਟਰ,ਇਸ ਵਿੱਚ ਹੁਨਰ ਵਿਕਾਸ ਪ੍ਰਯੋਗਸ਼ਾਲਾਵਾਂ ਦੀ ਸਥਾਪਨਾ ਅਤੇ ਇਮਾਰਤਾਂ ਦਾ ਨਵੀਨੀਕਰਨ ਸ਼ਾਮਲ ਹੈ। ਇਹ ਆਈ.ਟੀ.ਆਈਜ਼ ਪੰਜਾਬ ਦੇ ਨੌਜਵਾਨਾਂ ਨੂੰ ਹਰ ਸਾਲ 5000 ਨੌਕਰੀਆਂ ਪ੍ਰਦਾਨ ਕਰਨਗੀਆਂ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਡਾ: ਵਿਕਰਮਜੀਤ ਸਿੰਘ ਸਾਹਨੀ ਦਾ ਇਹ ਉਪਰਾਲਾ ਸਾਡੇ ਆਈ.ਟੀ.ਆਈ ਕੇਂਦਰਾਂ ਨੂੰ ਹੁਨਰ ਵਿਕਾਸ ਦੇ ਆਧੁਨਿਕ ਕੇਂਦਰਾਂ ਵਿੱਚ ਤਬਦੀਲ ਕਰਨ ਵਿੱਚ ਜ਼ਿਕਰਯੋਗ ਯੋਗਦਾਨ ਹੈ।

# ਐਮਾਜ਼ੋਨ ਵੱਲੋਂ ਗੁਰਬਾਣੀ ਦੇ ਪਾਵਨ ਗੁਟਕਾ ਸਾਹਿਬ ਦੀ ਆਨਲਾਈਨ ਵਿਕਰੀ ਦਾ ਮਾਮਲਾ

## ਐਮਾਜ਼ੋਨ ਕੰਪਨੀ ਨੂੰ ਵੈਬਸਾਈਟ ਤੋਂ ਗੁਟਕਾ ਸਾਹਿਬ ਹਟਾ ਕੇ ਸਪੱਸ਼ਟੀਕਰਨ ਭੇਜਣ ਲਈ ਪੱਤਰ ਲਿਖਿਆ



ਅੰਮ੍ਰਿਤਸਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਆਨਲਾਈਨ ਵਪਾਰਕ ਵੈੱਬਸਾਈਟ ਐਮਾਜ਼ੋਨ ਵੱਲੋਂ ਪਾਵਨ ਗੁਰਬਾਣੀ ਦੀਆਂ ਸੈਂਚੀਆਂ ਤੇ ਗੁਟਕਾ ਸਾਹਿਬ ਵੇਚਣ ਦਾ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਨੋਟਿਸ ਲੈਂਦਿਆਂ ਗੁਟਕਾ ਸਾਹਿਬ ਦੀ ਵਿਕਰੀ ਤੁਰੰਤ ਰੋਕਣ ਲਈ ਆਖਿਆ ਹੈ। ਸ੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਧਰਮ ਨਾਲ ਸਬੰਧਤ ਪੋਥੀਆਂ ਅਤੇ ਪਵਿੱਤਰ ਗੁਟਕਾ ਸਾਹਿਬ ਨੂੰ ਇਸ ਐਪ 'ਤੇ ਆਨਲਾਈਨ ਵੇਚਣਾ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ, ਕਿਉਂਕਿ ਇਸ ਦੇ ਸਟੋਰਾਂ 'ਤੇ ਪਾਵਨ ਪੋਥੀਆਂ ਦਾ ਸਤਿਕਾਰ ਕਾਇਮ ਨਹੀਂ ਰਹਿ ਸਕਦਾ। ਜਦੋਂ ਪਾਰਸਲ ਰਾਹੀਂ ਇਹ ਇਕ ਤੋਂ ਦੂਜੀ ਥਾਂ 'ਤੇ ਪੁੱਜਦੇ ਹਨ ਤਾਂ ਕੁਦਰਤੀ ਹੈ ਕਿ ਇਸ ਦੇ ਸਤਿਕਾਰ ਨੂੰ ਠੇਸ ਪੁੱਜਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਦੇ ਮਨਾਂ ਅੰਦਰ ਗੁਰਬਾਣੀ ਪ੍ਰਤੀ ਅਥਾਹ ਸ਼ਰਧਾ ਤੇ ਸਤਿਕਾਰ ਹੈ ਅਤੇ ਐਮਾਜ਼ੋਨ ਵੱਲੋਂ ਆਨਲਾਈਨ ਗੁਟਕਾ ਸਾਹਿਬਾਨ ਦੀ ਵਿਕਰੀ ਨਾਲ ਸਿੱਖ ਮਨਾਂ ਅੰਦਰ ਭਾਰੀ ਰੋਸ ਦੀ ਲਹਿਰ ਹੈ। ਐਡਵੋਕੇਟ ਧਾਮੀ ਨੇ ਐਮਾਜ਼ੋਨ ਨੂੰ ਆਪਣੀ ਵੈੱਬਸਾਈਟ ਤੋਂ ਪਾਵਨ ਗੁਰਬਾਣੀ ਦੇ ਗੁਟਕਾ ਸਾਹਿਬ ਨੂੰ ਤੁਰੰਤ ਹਟਾਉਣ ਲਈ ਕਿਹਾ।

ਉਨ੍ਹਾਂ ਪਬਲੀਸ਼ਰਾਂ ਨੂੰ ਅਪੀਲ ਕੀਤੀ ਕਿ ਗੁਰਬਾਣੀ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਉਹ ਗੁਟਕਾ ਸਾਹਿਬ ਅਤੇ ਪਾਵਨ ਪੋਥੀਆਂ ਨੂੰ ਆਨਲਾਈਨ ਵੇਚਣ ਤੋਂ ਗੁਰੇਜ ਕਰਨ। ਸ਼ ?ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਹ ਬੇਹੱਦ ਗੰਭੀਰ ਮਾਮਲਾ ਹੈ, ਜਿਸ ਨੂੰ ਧਰਮ ਪ੍ਰਚਾਰ ਕਮੇਟੀ ਦੀ ਆਉਣ ਵਾਲੀ ਇਕੱਤਰਤਾ ਵਿਚ ਵੀ ਵਿਚਾਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਅਜਿਹੇ ਮਾਮਲੇ ਸਾਹਮਣੇ ਆਉਣ ''ਤੇ ਐਮਾਜ਼ੋਨ ਕੰਪਨੀ ਨੂੰ ਕਾਨੂੰਨੀ ਨੋਟਿਸ ਭੇਜਿਆ ਗਿਆ, ਜਿਸ ਮਗਰੋਂ ਗੁਟਕਾ ਸਾਹਿਬ ਦੀ ਆਨਲਾਈਨ ਵਿਕਰੀ ਬੰਦ ਕਰ ਦਿੱਤੀ ਗਈ ਸੀ। ਇਸ ਸਬੰਧੀ ਐਮਾਜ਼ੋਨ ਨੂੰ ਪੱਤਰ ਲਿਖਿਆ ਜਾ ਰਿਹਾ ਹੈ ਕਿ ਉਹ ਤੁਰੰਤ ਵੈੱਬਸਾਈਟ ਤੋਂ ਗੁਰਬਾਣੀ ਦੇ ਗੁਟਕਾ ਸਾਹਿਬਾਨ ਨੂੰ ਹਟਾ ਕੇ ਆਪਣਾ ਸਪੱਸ਼ਟੀਕਰਨ ਸ੍ਰੋਮਣੀ ਕਮੇਟੀ ਨੂੰ ਭੇਜਣ।

ਲੱਤ ਬਾਂਹ ਨਵੀਂ ਲਗਾਉ ਫ੍ਰੀ

ਜੇ ਕਿਸੇ ਵੀਰ ਦੀ ਲੱਤ ਜਾਂ ਬਾਂਹ ਕੱਟੀ ਹੋਵੇ ਜੇ ਕਿਸੇ ਵੀਰ ਨੇ ਲੱਤ ਜਾਂ ਬਾਂਹ ਨਵੀਂ ਲਗਵਾਉਣੀ ਹੋਵੇ ਤਾਂ 14 ਨਵੰਬਰ ਨੂੰ ਚੰਡੀਗੜ੍ਹ ਵਿਖੇ ਕੈਂਪ ਲੱਗੇਗਾ, ਜਿਸ ਵਿੱਚ ਅਮਰੀਕਾ ਤੋਂ ਡਾਕਟਰ ਆਉਣਗੇ , ਫ੍ਰੀ ਇਲਾਜ਼ ਹੋਵੇਗਾ। ਲੱਤ ਬਾਂਹ ਕੰਮ ਵੀ ਕਰੇਗੀ। ਆਉਣ ਜਾਣ ਦਾ ਵੀ ਕੋਈ ਕਿਰਾਇਆ ਨਹੀਂ ਲੱਗੇਗਾ

ਸੰਪਰਕ : 89291-78851, 87279- 73060, 6239-24719

ਇਸ ਪੋਸਟ ਨੂੰ ਵੱਧ ਤੋਂ ਵੱਧ ਸ਼ੇਅਰ ਕਰੋਂ ਤਾਂ ਜੋ ਕਿਸੇ ਦਾ ਭਲਾ ਹੋ ਸਕੇ।

ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

ਲਿਖਤਾਂ ਭੇਜਣ ਲਈ ਈਮੇਲ ਪਤਾ
vishavPunjabisanjh@gmail.com

ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ


ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ









# ਭਾਜਪਾ ਦਾ ਮੈਂਬਰਸ਼ਿਪ ਅਭਿਆਨ ਪ੍ਰੋਗਰਾਮ ਟਕਰਾਅ ਦਾ ਸ਼ਿਕਾਰ ਹੋ ਗਿਆ

ਚੰਡੀਗੜ੍ਹ: (ਵਿਸ਼ਵ ਪੰਜਾਬੀ ਸ਼ਾਂਝ, ਕੈਨੇਡਾ)–ਪੰਜਾਬ ਵਿੱਚ 2027 ਵਿਧਾਨ ਸਭਾ ਚੋਣਾਂ ਇਕੱਲਿਆਂ ਲੜਨ ਦੀ ਸ਼ੇਖੀ ਮਾਰਨ ਵਾਲੀ ਭਾਜਪਾ ਦੀ ਮੈਂਬਰਸ਼ਿਪ ਮੁਹਿੰਮ ਆਪਸੀ ਕਲੇਸ਼ ਦਾ ਸ਼ਿਕਾਰ ਹੋਣ ਲੱਗੀ ਹੈ। ਸ਼੍ਰੋਮਣੀ ਅਕਾਲੀ ਦਲ (ਅਕਾਲੀ ਦਲ) ਨਾਲ ਗਠਜੋੜ ਦੌਰਾਨ ਸਿਰਫ਼ 23 ਵਿਧਾਨ ਸਭਾ ਸੀਟਾਂ 'ਤੇ ਚੋਣ ਲੜਨ ਵਾਲੀ ਭਾਜਪਾ ਨੇ 2019 'ਚ ਚਲਾਈ ਮੈਂਬਰਸ਼ਿਪ ਮੁਹਿੰਮ 'ਚ 23 ਲੱਖ ਮੈਂਬਰ ਬਣਾਏ ਸਨ। ਇਸ ਦੇ ਉਲਟ ਸਤੰਬਰ ਵਿੱਚ ਸ਼ੁਰੂ ਹੋਈ ਮੈਂਬਰਸ਼ਿਪ ਮੁਹਿੰਮ ਦੌਰਾਨ ਹੁਣ ਤੱਕ ਸਿਰਫ਼ ਚਾਰ ਲੱਖ ਦੇ ਕਰੀਬ ਮੈਂਬਰ ਹੀ ਮੈਂਬਰ ਬਣ ਸਕੇ ਹਨ। ਪਾਰਟੀ ਨੂੰ ਘੱਟ ਮੈਂਬਰ ਹੋਣ ਦੀ ਚਿੰਤਾ ਹੈ। ਜਾਣਕਾਰੀ ਅਨੁਸਾਰ ਸੂਬਾ ਇੰਚਾਰਜ ਵਿਜੇ ਰੂਪਾਨੀ ਨੇ ਇਸ ਸਬੰਧੀ ਪਾਰਟੀ ਆਗੂਆਂ ਦੀ ਖਿਚਾਈ ਵੀ ਕੀਤੀ ਹੈ। ਦੂਜੇ ਪਾਸੇ ਗ੍ਰਾਮ ਪੰਚਾਇਤ ਨੂੰ ਦੇਖਦੇ ਹੋਏ ਮੈਂਬਰ ਅਭਿਆਨ ਨੂੰ ਫ਼ਿਲਹਾਲ 15 ਅਕਤੂਬਰ ਤੱਕ ਰੋਕ ਦਿੱਤਾ ਹੈ। ਪੰਜਾਬ ਵਿੱਚ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੇ 18.57 ਫੀਸਦੀ ਵੋਟਾਂ ਹਾਸਲ ਕਰਕੇ ਸਭ ਨੂੰ ਹੈਰਾਨ ਕਰ ਦਿੱਤਾ ਸੀ, ਪਰ ਇੱਕ ਵੀ ਸੀਟ ਨਹੀਂ ਜਿੱਤ ਸਕੀ ਸੀ। ਉਦੋਂ ਤੋਂ ਹੀ ਪਾਰਟੀ ਵਿੱਚ ਖਲਬਲੀ ਮੱਚ ਗਈ ਹੈ। ਇੱਕ ਪਾਸੇ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਪਾਰਟੀ ਹਾਈਕਮਾਂਡ ਨੂੰ ਆਪਣੇ ਅਸਤੀਫੇ ਦੀ ਪੇਸ਼ਕਸ਼ ਕੀਤੀ ਹੈ। ਦੂਜੇ ਪਾਸੇ ਭਾਜਪਾ ਦੇ ਪੁਰਾਣੇ ਆਗੂ ਪਾਰਟੀ ਤੋਂ ਆਏ ਆਗੂਆਂ ਨੂੰ ਹਜ਼ਮ ਨਹੀਂ ਕਰ ਰਹੇ ਹਨ। ਨਵੇਂ ਅਤੇ ਪੁਰਾਣੇ ਵਿੱਚ ਤਾਲਮੇਲ ਦੀ ਘਾਟ ਕਾਰਨ ਪਾਰਟੀ ਦੀ ਮੈਂਬਰਸ਼ਿਪ ਮੁਹਿੰਮ ਕਾਰਗਰ ਸਾਬਤ ਨਹੀਂ ਹੋ ਰਹੀ। ਪੁਰਾਣੇ ਆਗੂਆਂ ਦੀ ਸ਼ਿਕਾਇਤ ਹੈ ਕਿ ਪਾਰਟੀ ਨੇ ਨਵੇਂ ਆਏ ਆਗੂਆਂ ਨੂੰ ਜ਼ਿਆਦਾ ਤਰਜੀਹ ਦਿੱਤੀ ਹੈ। ਅਜਿਹੀ ਸਥਿਤੀ ਵਿੱਚ ਉਨ੍ਹਾਂ ਨੂੰ ਮੈਂਬਰਸ਼ਿਪ ਮੁਹਿੰਮ ਦੇ ਟੀਚਿਆਂ ਨੂੰ ਵੀ ਪੂਰਾ ਕਰਨਾ ਚਾਹੀਦਾ ਹੈ। ਸਾਲ 2019 'ਚ ਮੈਂਬਰਸ਼ਿਪ ਮੁਹਿੰਮ ਦੌਰਾਨ ਪੰਜਾਬ ਭਾਜਪਾ 'ਚ ਤਿਉਹਾਰੀ ਮਾਹੌਲ ਸੀ। ਸਵਰਗੀ ਕਮਲ ਸ਼ਰਮਾ ਦੀ ਸਥਿਤੀ ਵਿਚ ਕਾਫੀ ਫਰਕ ਆਇਆ ਹੈ। ਸੂਬਾ ਅਕਾਲੀ ਦਲ ਨੇ ਭਾਜਪਾ ਨਾਲੋਂ ਗਠਜੋੜ ਤੋੜ ਦਿੱਤਾ ਅਤੇ ਭਾਜਪਾ ਤਿੰਨ ਖੇਤੀ ਕਾਨੂੰਨਾਂ ਨੂੰ ਲੈ ਕੇ ਕਿਸਾਨਾਂ ਦੇ ਹਮਲੇ ਦੀ ਮਾਰ ਹੇਠ ਆ ਗਈ। ਕੇਂਦਰ ਸਰਕਾਰ ਨੇ ਭਾਵੇਂ ਪਰਾਲੀ ਸਾੜਨ ਵਾਲੇ ਕਾਨੂੰਨ ਨੂੰ ਵਾਪਿਸ ਲੈ ਲਿਆ ਪਰ ਪੰਜਾਬ ਵਿੱਚ ਭਾਜਪਾ ਦੇ ਨਿਸ਼ਾਨੇ 'ਤੇ ਰਹੇ ਇਸ ਦੇ ਨਾਲ ਹੀ ਲੋਕ ਸਭਾ ਚੋਣਾਂ ਤੋਂ ਪਹਿਲਾਂ ਦੋ ਕਿਸਾਨ ਜਥੇਬੰਦੀਆਂ ਇੱਕ ਵਾਰ ਫਿਰ ਸੜਕਾਂ 'ਤੇ ਆ ਗਈਆਂ ਹਨ, ਜਿਸ ਕਾਰਨ ਭਾਜਪਾ ਦਾ ਹਾਲ ਵੀ ਹੋ ਗਿਆ ਹੈ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਵਿਰੋਧ ਕਾਰਨ ਦੇਸ਼ ਦੇ ਹੋਰਨਾਂ ਹਿੱਸਿਆਂ 'ਚ ਵੀ ਸ੍ਰੀ ਰਾਮ ਮੰਦਰ ਦੀ ਉਸਾਰੀ ਦਾ ਮੁੱਦਾ ਬੈਂਕਾਂ ਦੇ ਪਿੰਡਾਂ 'ਚ ਦੇਖਣ ਨੂੰ ਨਹੀਂ ਮਿਲਿਆ

# ਪੰਜਾਬ 'ਚ ਬਿਨਾਂ ਜਾਂਚ ਤੋਂ 10 ਲੱਖ 77 ਹਜ਼ਾਰ ਰਾਸ਼ਨ ਕਾਰਡ ਬਹਾਲ, ਸਰਕਾਰ ਨੇ ਕਿਉਂ ਲਿਆ ਇਹ ਫੈਸਲਾ ?

ਚੰਡੀਗੜ੍ਹ–: (ਵਿਸ਼ਵ ਪੰਜਾਬੀ ਸ਼ਾਂਝ, ਕੈਨੇਡਾ)– ਪੰਜਾਬ–ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਵੱਲੋਂ ਸਾਲ 2022 ਵਿੱਚ ਰੱਦ ਕੀਤੇ ਗਏ 10 ਲੱਖ 77 ਹਜ਼ਾਰ ਰਾਸ਼ਨ ਕਾਰਡਾਂ ਨੂੰ ਫਰਜ਼ੀ ਕਰਾਰ ਦਿੰਦਿਆਂ ਮੁੜ ਬਹਾਲ ਕਰਨ ਖਿਲਾਫ਼ ਦਾਇਰ ਜਨਹਿੱਤ ਪਟੀਸ਼ਨ 'ਤੇ ਪੰਜਾਬ ਸਰਕਾਰ ਨੂੰ ਇੱਕ ਹਫ਼ਤੇ ਅੰਦਰ ਜਵਾਬ ਦਾਖ਼ਲ ਕਰਨ ਦੇ ਹੁਕਮ ਦਿੱਤੇ ਹਨ। ਪਟੀਸ਼ਨਰ ਅਨਿਲ ਕੁਮਾਰ ਤਾਇਲ ਨੇ ਹਾਈ ਕੋਰਟ ਵਿੱਚ ਜਨਹਿੱਤ ਪਟੀਸ਼ਨ ਦਾਇਰ ਕਰਕੇ ਕਿਹਾ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਭ੍ਰਿਸ਼ਟਾਚਾਰ ਖ਼ ?ਲਾਫ਼ ਮੁਹਿੰਮ ਦਾ ਹਵਾਲਾ ਦਿੰਦਿਆਂ 10 ਲੱਖ 77 ਹਜ਼ਾਰ ਰਾਸ਼ਨ ਕਾਰਡ ਰੱਦ ਕਰ ਦਿੱਤੇ ਗਏ ਸਨ। ਸਰਕਾਰ ਦਾ ਤਰਕ ਸੀ ਕਿ ਇਹ ਸਾਰੇ ਰਾਸ਼ਨ ਕਾਰਡ ਫਰਜ਼ੀ ਸਨ।

## ਚੋਣਾਂ ਦੇ ਮੱਦੇਨਜ਼ਰ ਲਿਆ ਗਿਆ ਫੈਸਲਾ

ਹੁਣ ਸਰਕਾਰ ਨੇ ਇਨ੍ਹਾਂ ਸਾਰਿਆਂ ਨੂੰ ਬਹਾਲ ਕਰਨ ਦਾ ਫੈਸਲਾ ਕੀਤਾ ਹੈ। ਹਾਈ ਕੋਰਟ ਨੂੰ ਦੱਸਿਆ ਗਿਆ ਕਿ ਇਨ੍ਹਾਂ ਸਾਰਿਆਂ ਨੂੰ ਬਹਾਲ ਕਰਨ ਤੋਂ ਪਹਿਲਾਂ ਨਾ ਤਾਂ ਕੋਈ ਜਾਂਚ ਅਤੇ ਨਾ ਹੀ ਕੋਈ ਤਸਦੀਕ ਕੀਤਾ ਗਿਆ ਸੀ। ਪੰਜਾਬ ਸਰਕਾਰ ਦਾ ਇਹ ਫੈਸਲਾ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲਿਆ ਗਿਆ ਹੈ ਤਾਂ ਜੋ ਇਸ ਦਾ ਚੋਣਾਵੀ ਲਾਭ ਉਠਾਇਆ ਜਾ ਸਕੇ।

## ਇੱਕ ਹ.ਫਤੇ ਵਿੱਚ ਜਵਾਬ ਦਾ.ਖਲ ਕਰਨ ਦੇ ਹੁਕਮ ਦਿੱਤੇ ਹਨ

ਪਟੀਸ਼ਨਰ ਧਿਰ ਵੱਲੋਂ ਹਾਈ ਕੋਰਟ ਨੂੰ ਅਪੀਲ ਕੀਤੀ ਗਈ ਸੀ ਕਿ ਪੰਜਾਬ ਸਰਕਾਰ ਦੇ ਇਸ ਫੈਸਲੇ 'ਤੇ ਰੋਕ ਲਗਾਈ ਜਾਵੇ ਅਤੇ ਇਸ ਪੂਰੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਜਾਣ। ਹਾਈਕੋਰਟ ਨੇ ਪਟੀਸ਼ਨਕਰਤਾ ਪੱਖ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਪੰਜਾਬ ਸਰਕਾਰ ਅਤੇ ਹੋਰ ਪ੍ਰਤੀਵਾਦੀਆਂ ਨੂੰ ਇੱਕ ਹਫ਼ਤੇ ਦੇ ਅੰਦਰ ਪਟੀਸ਼ਨ 'ਤੇ ਜਵਾਬ ਦਾਇਰ ਕਰਨ ਦੇ ਹੁਕਮ ਦਿੱਤੇ ਹਨ।

# ਅੰਗ ਟਰਾਂਸਪਲਾਂਟ ਲਈ 5 ਸਾਲ ਤੱਕ ਦੀ ਉਡੀਕ, 90 ਪ੍ਰਤੀਸ਼ਤ ਲੋਕ ਆਪਣੀ ਜਾਨ ਗੁਆ ਰਹੇ ਹਨ; ਹਾਈਕੋਰਟ ਨੇ ਚੰਡੀਗੜ੍ਹ ਪੀਜੀਆਈ ਨੂੰ ਭੇਜਿਆ ਨੋਟਿਸ

ਚੰਡੀਗੜ੍ਹ : (ਵਿਸ਼ਵ ਪੰਜਾਬੀ ਸ਼ਾਂਝ, ਕੈਨੇਡਾ)– ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪੀਜੀਆਈ ਚੰਡੀਗੜ੍ਹ ਵਿੱਚ ਨੈਫਰੋਲੋਜੀ ਵਿਭਾਗ ਦੇ ਅਪਰੇਸ਼ਨ ਥੀਏਟਰ ਨੂੰ ਬੰਦ ਕਰਨ ਅਤੇ ਅੰਗ ਟਰਾਂਸਪਲਾਂਟ ਨੀਤੀ ਨੂੰ ਲੈ ਕੇ ਪੀਜੀਆਈ ਅਤੇ ਕੇਂਦਰ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ। ਪਟੀਸ਼ਨਕਰਤਾ ਨੇ ਕਿਹਾ ਕਿ ਇਸ ਸਮੇਂ ਕਰੀਬ ਦੋ ਲੱਖ ਲੋਕ ਅਜਿਹੇ ਹਨ ਜਿਨ੍ਹਾਂ ਨੂੰ ਗੁਰਦਿਆਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇੱਕ ਦਾਨੀ 9 ਲੋਕਾਂ ਦੀ ਜਾਨ ਬਚਾ ਸਕਦਾ ਹੈ। ਪੀਜੀਆਈ ਵਿੱਚ ਨੈਫਰੋਲੋਜੀ ਵਿਭਾਗ ਦਾ ਅਪਰੇਸ਼ਨ ਥੀਏਟਰ ਪੰਜ ਸਾਲਾਂ ਤੋਂ ਬੰਦ ਪਿਆ ਹੈ। ਇਸ ਮਾਮਲੇ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪੀਜੀਆਈ ਅਤੇ ਕੇਂਦਰ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਇਸ ਦੇ ਨਾਲ ਹੀ ਅੰਗ ਟਰਾਂਸਪਲਾਂਟ ਦੀ ਨੀਤੀ ਬਾਰੇ ਕੇਂਦਰ ਸਰਕਾਰ ਤੋਂ ਜਵਾਬ ਮੰਗਿਆ ਗਿਆ ਹੈ।

ਐਡਵੋਕੇਟ ਰੰਜਨ ਲਖਨਪਾਲ ਨੇ ਜਨਹਿਤ ਪਟੀਸ਼ਨ ਦਾਇਰ ਕਰਦੇ ਹੋਏ ਹਾਈ ਕੋਰਟ ਨੂੰ ਦੱਸਿਆ ਕਿ ਦੇਸ਼ ਵਿੱਚ ਪਹਿਲੀ ਵਾਰ ਅੰਗ ਟਰਾਂਸਪਲਾਂਟ 1970 ਵਿੱਚ ਹੋਇਆ ਸੀ ਅਤੇ ਮਨੁੱਖੀ ਅੰਗ ਟਰਾਂਸਪਲਾਂਟ ਐਕਟ 1994 ਵਿੱਚ ਲਾਗੂ ਹੋਇਆ ਸੀ। ਬਾਅਦ ਵਿੱਚ ਇਸਨੂੰ ਟ ?ਰਾਂਸਪਲਾਂਟ ਆਫ ਹਿਊਮਨ ਆਰਗਨ ਐਂਡ ਟਿਸ਼ੂ ਐਕਟ ਵਿੱਚ ਬਦਲ ਦਿੱਤਾ ਗਿਆ।



## ਇੱਕ ਦਾਨੀ 9 ਲੋਕਾਂ ਦੀ ਜਾਨ ਬਚਾ ਸਕਦਾ ਹੈ

ਪਟੀਸ਼ਨਕਰਤਾ ਨੇ ਕਿਹਾ ਕਿ ਇਸ ਸਮੇਂ ਕਰੀਬ ਦੋ ਲੱਖ ਲੋਕ ਅਜਿਹੇ ਹਨ ਜਿਨ੍ਹਾਂ ਨੂੰ ਗੁਰਦਿਆਂ ਦੀ ਲੋੜ ਹੈ। ਇੱਕ ਦਾਨੀ 9 ਲੋਕਾਂ ਦੀ ਜਾਨ ਬਚਾ ਸਕਦਾ ਹੈ ਪਰ ਸਹੀ ਨੀਤੀ ਨਾ ਹੋਣ ਕਾਰਨ ਅੰਗਾਂ ਦੀ ਉਡੀਕ ਕਰ ਰਹੇ 90 ਫੀਸਦੀ ਲੋਕ ਵੇਟਿੰਗ ਲਿਸਟ ਵਿੱਚ ਮਰ ਜਾਂਦੇ ਹਨ। ਮਰੇ ਹੋਏ ਵਿਅਕਤੀ ਤੋਂ ਅੱਖਾਂ, ਗੁਰਦੇ, ਫੇਫੜੇ, ਦਿਲ, ਜਿਗਰ ਅਤੇ ਚਮੜੀ ਲਈ ਜਾ ਸਕਦੀ ਹੈ। ਪਟੀਸ਼ਨਕਰਤਾ ਨੇ ਕਿਹਾ ਕਿ ਹਰਿਆਣਾ, ਪੰਜਾਬ ਅਤੇ ਚੰਡੀਗੜ੍ਹ ਵਿੱਚ ਅੰਗ ਟਰਾਂਸਪਲਾਂਟ ਲਈ ਪੰਜ ਸਾਲ ਤੱਕ ਦਾ ਇੰਤਜ਼ਾਰ ਹੈ। ਚੇਨਈ ਵਿੱਚ, ਉੱਥੇ ਦੇ ਨੀਤੀਗਤ ਫੈਸਲੇ ਦੇ ਕਾਰਨ, ਅੰਗ ਟਰਾਂਸਪਲਾਂਟ ਲਈ ਸਿਰਫ ਤਿੰਨ ਮਹੀਨੇ ਦਾ ਸਮਾਂ ਹੈ, ਉੱਥੇ ਦੇ ਨਿੱਜੀ ਅਤੇ ਸਰਕਾਰੀ ਹਸਪਤਾਲਾਂ ਨੇ ਬ੍ਰੇਨ ਡੈੱਡ ਦੀ ਸੂਚੀ ਤਿਆਰ ਕੀਤੀ ਹੈ। ਅੰਗਾਂ ਦੀ ਲੋੜ ਪੈਣ 'ਤੇ ਉਹ ਉਪਲਬਧ ਕਰਵਾਏ ਜਾਂਦੇ ਹਨ। 37 ਹਸਪਤਾਲਾਂ ਦਾ ਨੈੱਟਵਰਕ ਤਿਆਰ ਕੀਤਾ ਗਿਆ ਹੈ। 2012 ਵਿੱਚ, ਪੂਰੇ ਦੇਸ਼ ਵਿੱਚ ਅੰਗ ਟਰਾਂਸਪਲਾਂਟ ਦੇ ਅੱਧੇ ਕੇਸ ਤਾਮਿਲਨਾਡੂ ਵਿੱਚ ਸਨ। ਪਟੀਸ਼ਨਰ ਨੇ ਕਿਹਾ ਕਿ ਪੀਜੀਆਈ ਇਸ ਖੇਤਰ ਦਾ ਇੱਕ ਵੱਡਾ ਸੰਸਥਾਨ ਹੈ। ਇੱਥੇ ਸਟਾਫ਼ ਮੌਜੂਦ ਹੋਣ ਦੇ ਬਾਵਜੂਦ ਅੰਗ ਟਰਾਂਸਪਲਾਂਟੇਸ਼ਨ ਨਹੀਂ ਹੋ ਰਹੀ। ਹਰਿਆਣਾ, ਪੰਜਾਬ, ਚੰਡੀਗੜ੍ਹ, ਰਾਜਸਥਾਨ, ਹਿਮਾਚਲ ਅਤੇ ਜੰਮੂ ਦੇ ਲੋਕ ਪੀ.ਜੀ.ਆਈ.

## ਆਪ੍ਰੇਸ਼ਨ ਥੀਏਟਰ ਅਗਸਤ 2021 ਤੋਂ ਬੰਦ ਹੈ

ਹਰਿਆਣਾ, ਪੰਜਾਬ ਅਤੇ ਚੰਡੀਗੜ੍ਹ ਵਿਚ ਸਹੀ ਨੀਤੀ ਨਾ ਹੋਣ ਕਾਰਨ ਅੰਗ ਟਰਾਂਸਪਲਾਂਟ ਦੀ ਉਡੀਕ ਦਾ ਸਮਾਂ ਪੰਜ ਸਾਲ ਦਾ ਹੈ ਅਤੇ 90 ਫੀਸਦੀ ਲੋਕ ਅੰਗਾਂ ਦੀ ਉਡੀਕ ਵਿਚ ਹੀ ਮਰ ਜਾਂਦੇ ਹਨ। ਪੀਜੀਆਈ ਦੇ ਨੈਫਰੋਲੋਜੀ ਵਿਭਾਗ ਦਾ ਅਪਰੇਸ਼ਨ ਥੀਏਟਰ ਅਗਸਤ 2021 ਤੋਂ ਬੰਦ ਹੈ। ਅਜਿਹੇ 'ਚ ਅੰਗ ਡੋਨਰ ਉਪਲਬਧ ਹੋਣ ਦੇ ਬਾਵਜੂਦ ਟਰਾਂਸਪਲਾਂਟ ਨਾ ਹੋਣ ਕਾਰਨ ਲੋਕ ਆਪਣੀ ਜਾਨ ਗੁਆ ਰਹੇ ਹਨ। ਇਸ ਸੂਚਨਾ 'ਤੇ ਹੈਰਾਨੀ ਪ੍ਰਗਟ ਕਰਦੇ ਹੋਏ ਹਾਈਕੋਰਟ ਨੇ ਭਾਰਤ ਸਰਕਾਰ, ਪੀਜੀਆਈ ਦੇ ਡਾਇਰੈਕਟਰ ਅਤੇ ਹੋਰ ਬਚਾਅ ਪੱਖ ਨੂੰ ਨੋਟਿਸ ਜਾਰੀ ਕਰਕੇ ਜਵਾਬ ਦਾਇਰ ਕਰਨ ਦੇ ਹੁਕਮ ਦਿੱਤੇ ਹਨ।






# BRAMPTON CASH AND CARRY

**WHOLESALER** | **IMPORTER**
**DISTRIBUTOR** | **RETAILER**

## Wholesaler, Importer, Distributor & Retailer of Restaurants Supply








BRAMPTON
CASH & CARRY

Brampton CashandCarry2023@gmail.com

905-230-4800

100 Kennedy Road S., Brampton, ON L6W 3E7

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ
ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਨਟਾਰੀਓ



Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS

GRAND OPENING
BRAMPTON CASH AND CARRY
18 | 19 | 20
OCTOBER, 2024
OPEN EVERYDAY FROM
9:00 AM TO 9:00 PM
CONTACT
+1 (204) 560-7111
ADDRESS:-
1315 INKSTER BLVD, WINNIPEG MB
BRAMPTON CASH & CARRY
IMPORTER | WHOLESALER | RETAILER

Weight
20 Pond





Price
$12.99
AASHIRVAAD
AASHIRVAAD ATTA
BRAMPTON CASH & CARRY
I am Sorry !!!!!
BramptonCashandCarry2023@gmail.co
KENNEDY ROAD S., BRAMPTON ON L6W 3E7, CANADA
905-230-4800


AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS
Contact us
905-230-4800 | 416-700-9100
100 KENNEDY ROAD S., BRAMPTON ON L6W 3E7, CANADA



MS INSURANCE
Secure your trust & life
RAJAT GUPTA
INSURANCE ADVISOR
416-427-8585
www.ms-insurance.ca
rajatgupta2299@gmail.com
Unit 27-90 Eastern Ave, Brampton, ON, L6W 1X9

INSURANCE BENEFITS
visa
SUPER VISA
VISITOR VISA
RESP, TFSA
MORTGAGE INSURANCE
TEHAL SINGH BRAR
LIVING BENEFITS ADVISOR
+(905)-782-2013
www.royalshieldgroup.com
tehalbrarcanada@gmail.com